ਦੇਵਗੰਧਾਰੀ ੫ ॥ ਜਾਨੀ ਨ ਜਾਈ ਤਾ ਕੀ ਗਾਤਿ ॥੧॥ ਰਹਾਉ ॥ ਕਹ ਪੇਖਾਰਉ ਹਉ ਕਰਿ ਚਤੁਰਾਈ ਬਿਸਮਨ ਬਿਸਮੇ ਕਹਨ ਕਹਾਤਿ ॥੧॥ ਗਣ ਗੰਧਰਬ ਸਿਧ ਅਰੁ ਸਾਧਿਕ ॥ ਸੁਰਿ ਨਰ ਦੇਵ ਬ੍ਰਹਮ ਬ੍ਰਹਮਾਦਿਕ ॥ ਚਤੁਰ ਬੇਦ ਉਚਰਤ ਦਿਨੁ ਰਾਤਿ ॥ ਅਗਮ ਅਗਮ ਠਾਕੁਰੁ ਆਗਾਧਿ ॥ ਗੁਨ ਬੇਅੰਤ ਬੇਅੰਤ ਭਨੁ ਨਾਨਕ ਕਹਨੁ ਨ ਜਾਈ ਪਰੈ ਪਰਾਤਿ ॥੨॥੨॥੩੫॥ {ਪੰਨਾ 535}

ਪਦਅਰਥ:- ਤਾ ਕੀ—ਉਸ (ਪਰਮਾਤਮਾ) ਦੀ। ਗਾਤਿ—ਗਤਿ, ਅਵਸਥਾ, ਆਤਮਕ ਅਵਸਥਾ।1। ਰਹਾਉ।

ਕਹ—ਕਿਥੇ? ਪੇਖਾਰਉ—ਮੈਂ ਵਿਖਾਵਾਂ। ਹਉ—ਮੈਂ। ਕਰਿ—ਕਰ ਕੇ। ਬਿਸਮਨ ਬਿਸਮੇ—ਹੈਰਾਨ ਤੋਂ ਹੈਰਾਨ, ਬਹੁਤ ਹੀ ਹੈਰਾਨ। ਕਹਨ—ਕਥਨ, ਬਿਆਨ। ਕਹਾਤਿ—ਕਹਿੰਦੇ, ਜੋ ਕਹਿੰਦੇ ਹਨ।1।

ਗਣ—ਸ਼ਿਵ ਜੀ ਦੇ ਸੇਵਕ। ਗੰਧਰਬ—ਦੇਵਤਿਆਂ ਦੇ ਰਾਗੀ। ਸਿਧ—ਕਰਾਮਾਤੀ ਜੋਗੀ। ਅਰੁ—ਅਤੇ। ਸਾਧਿਕ—ਜੋਗ-ਸਾਧਨ ਕਰਨ ਵਾਲੇ। ਸੁਰਿਨਰ—ਦੈਵੀ ਗੁਣਾਂ ਵਾਲੇ ਮਨੁੱਖ। ਬ੍ਰਹਮ—ਪਰਮਾਤਮਾ ਨੂੰ ਜਾਣਨ ਵਾਲੇ। ਬ੍ਰਹਮਾਦਿਕ—ਬ੍ਰਹਮਾ ਵਰਗੇ ਦੇਵਤੇ। ਚਤੁਰ—ਚਾਰ। ਅਗਮ—ਅਪਹੁੰਚ। ਆਗਾਧਿ—ਅਥਾਹ। ਭਨੁ—ਕਹੁ, ਆਖ। ਨਾਨਕ—ਹੇ ਨਾਨਕ! ਪਰੈ ਪਰਾਤਿ—ਪਰੇ ਤੋਂ ਪਰੇ।2।

ਅਰਥ:- ਹੇ ਭਾਈ! ਉਸ ਪਰਮਾਤਮਾ ਦੀ ਆਤਮਕ ਅਵਸਥਾ ਸਮਝੀ ਨਹੀਂ ਜਾ ਸਕਦੀ (ਪਰਮਾਤਮਾ ਕਿਹੋ ਜਿਹਾ ਹੈ—ਇਹ ਗੱਲ ਜਾਣੀ ਨਹੀਂ ਜਾ ਸਕਦੀ)।1। ਰਹਾਉ।

ਹੇ ਭਾਈ! ਆਪਣੀ ਅਕਲ ਦਾ ਜ਼ੋਰ ਲਾ ਕੇ ਮੈਂ ਉਹ ਪਰਮਾਤਮਾ ਕਿਥੇ ਵਿਖਾਵਾਂ? (ਨਹੀਂ ਵਿਖਾ ਸਕਦਾ)। ਜੇਹੜੇ ਮਨੁੱਖ ਉਸ ਨੂੰ ਬਿਆਨ ਕਰਨ ਦਾ ਜਤਨ ਕਰਦੇ ਹਨ ਉਹ ਭੀ ਹੈਰਾਨ ਹੀ ਰਹਿ ਜਾਂਦੇ ਹਨ (ਉਸ ਦਾ ਸਰੂਪ ਕਥਿਆ ਨਹੀਂ ਜਾ ਸਕਦਾ)।1।

ਹੇ ਭਾਈ! ਸ਼ਿਵ ਜੀ ਦੇ ਗੁਣ, ਦੇਵਤਿਆਂ ਦੇ ਰਾਗੀ, ਕਰਾਮਾਤੀ ਜੋਗੀ, ਜੋਗ-ਸਾਧਨਾਂ ਕਰਨ ਵਾਲੇ, ਦੈਵੀ ਗੁਣਾਂ ਵਾਲੇ ਮਨੁੱਖ, ਦੇਵਤੇ, ਬ੍ਰਹਮ-ਗਿਆਨੀ, ਬ੍ਰਹਮਾ ਆਦਿਕ ਵੱਡੇ ਦੇਵਤੇ, ਚਾਰੇ ਵੇਦ (ਉਸ ਪਰਮਾਤਮਾ ਦੇ ਗੁਣਾਂ ਦਾ) ਦਿਨ ਰਾਤ ਉਚਾਰਨ ਕਰਦੇ ਹਨ। ਫਿਰ ਭੀ ਉਸ ਪਰਮਾਤਮਾ ਤਕ (ਆਪਣੀ ਅਕਲ ਦੇ ਜ਼ੋਰ) ਪਹੁੰਚ ਨਹੀਂ ਹੋ ਸਕਦੀ, ਉਹ ਅਪਹੁੰਚ ਹੈ ਉਹ ਅਥਾਹ ਹੈ।

ਹੇ ਨਾਨਕ! ਆਖ—ਪਰਾਮਤਮਾ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਉਹ ਬੇਅੰਤ ਹੈ, ਉਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਪਰੇ ਤੋਂ ਪਰੇ ਹੈ।2। 2। 35।